ਹਲਕਾ ਇੰਚਾਰਜ ਮੋਗਾ ਬਰਜਿੰਦਰ ਸਿੰਘ ਮੱਖਣ ਬਰਾੜ ਨੂੰ ਪਿੰਡ ਸੱਦਾ ਸਿੰਘ ਵਾਲਾ ਵਿਖੇ ਸਨਮਾਨਿਤ ਕਰਦੇ ਉਨ੍ਹਾਂ ਦੇ ਸਮਰਥਕ। ਅਜੀਤ ਤਸਵੀਰ

ਪਿੰਡ ਸੱਦਾ ਸਿੰਘ ਵਾਲਾ ਵਿਖੇ ਮੱਖਣ ਬਰਾੜ ਸਮਰਥਕਾਂ ਵਲੋਂ ਸਨਮਾਨਿਤ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- ਸ਼੍ਰੋਮਣੀ ਅਕਾਲੀ ਦਲ ਵਲੋਂ ਹਲਕਾ ਮੋਗਾ ਤੋਂ ਉਮੀਦਵਾਰ ਹਲਕਾ ਇੰਚਾਰਜ ਤੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਵਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਆਗੂਆਂ ਨਾਲ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਵਧਾਇਆ ਜਾ ਰਿਹਾ ਹੈ ਅਤੇ ਉਹ ਮੀਟਿੰਗਾਂ ਦੇ ਸਿਲਸਿਲੇ ਵਿਚ ਦੂਸਰੇ ਉਮੀਦਵਾਰਾਂ ਨਾਲੋਂ ਅੱਗੇ ਦਿਸ ਰਹੇ ਹਨ। ਅੱਜ ਉਨ੍ਹਾਂ ਨੂੰ ਪਿੰਡ ਸੱਦਾ ਸਿੰਘ ਵਾਲਾ ਵਿਖੇ ਪਿੰਡ ਵਾਸੀਆਂ ਵਲੋਂ ਲੱਡੂਆਂ ਨਾਲ ਤੋਲ ਕੇ ਚੋਣਾਂ ਵਿਚ ਸਮਰਥਨ ਦੇਣ ਦਾ ਐਲਾਨ ਕੀਤਾ। ਇਸ ਮੌਕੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਕਿਹਾ ਕਿ ਸੱਦਾ ਸਿੰਘ ਵਾਲਾ ਪਿੰਡ ਦੇ ਲੋਕਾਂ ਨੇ ਹਮੇਸ਼ਾ ਹੀ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦਿੱਤਾ ਹੈ ਤੇ ਇਸ ਵਾਰ ਵਿਧਾਨ ਸਭਾ ਚੋਣਾਂ ਵਿਚ ਉਹ ਉਨ੍ਹਾਂ ਨੂੰ ਜੇਤੂ ਬਣਾਉਣ ਵਿਚ ਯੋਗਦਾਨ ਪਾਉਣਗੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਬਸਪਾ ਗੱਠਜੋੜ ਵੱਡੀ ਲੀਡ ਨਾਲ ਜੇਤੂ ਰਹਿ ਕੇ ਆਪਣੀ ਸਰਕਾਰ ਬਣਾਏਗਾ ਤੇ ਪੰਜਾਬ ਨੂੰ ਮੁੜ ਵਿਕਾਸ ਦੀਆਂ ਲੀਹਾਂ 'ਤੇ ਤੋਰਿਆ ਜਾਵੇਗਾ। ਇਸ ਮੌਕੇ ਸਮਰੱਥ ਸਿੰਘ ਗਿੱਲ, ਮਿਹਰ ਸਿੰਘ ਗਿੱਲ, ਸਰਪੰਚ ਗੁਰਦੇਵ ਸਿੰਘ, ਬੋਹੜ ਸਿੰਘ, ਸਿਮਰਨਜੀਤ ਸਿੰਘ ਗਿੱਲ, ਜਸਪ੍ਰੀਤ ਸਿੰਘ ਗਿੱਲ, ਬਲਵਿੰਦਰ ਸਿੰਘ ਗਿੱਲ, ਜਸਵੀਰ ਸਿੰਘ ਗਿੱਲ, ਜੀਤ ਸਿੰਘ ਗਿੱਲ, ਪਿਆਰਾ ਸਿੰਘ ਗਿੱਲ, ਜੰਟ ਸਿੰਘ ਨੰਬਰਦਾਰ, ਗੁਰਨਾਮ ਸਿੰਘ ਗਿੱਲ, ਕੁਲਦੀਪ ਸਿੰਘ, ਲਖਵੀਰ ਸਿੰਘ, ਬੁੱਧ ਸਿੰਘ, ਭਗਵੰਤ ਸਿੰਘ, ਰਾਮ ਸਿੰਘ ਗਿੱਲ, ਖੜਕ ਸਿੰਘ ਗਿੱਲ, ਗੁਰਮੇਲ ਸਿੰਘ ਗਿੱਲ, ਗੁਰਦੇਵ ਸਿੰਘ ਗਿੱਲ, ਦਰਸ਼ਨ ਸਿੰਘ ਗਿੱਲ, ਗੁਰਜੰਟ ਸਿੰਘ ਗਿੱਲ, ਗੁਰਭੇਜ ਸਿੰਘ, ਨਿਰਮਲ ਸਿੰਘ ਗਿੱਲ, ਪ੍ਰਗਟ ਸਿੰਘ, ਬਲਜੀਤ ਸਿੰਘ, ਨਾਹਰ ਸਿੰਘ, ਹਰਨੇਕ ਸਿੰਘ, ਚੰਦ ਸਿੰਘ, ਗੁਰਪ੍ਰੀਤ ਸਿੰਘ, ਨਸੀਬ ਸਿੰਘ ਹਾਜ਼ਰ ਸਨ।

ਪਿੰਡ ਰਾਜੇਆਣਾ ਵਿਖੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਉਮੀਦਵਾਰ ਜਥੇਦਾਰ ਤੀਰਥ ਸਿੰਘ ਮਾਹਲਾ ਨੁੱਕੜ ਮੀਟਿੰਗ ਸਮੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ। ਤਸਵੀਰ: ਮਾਣੂੰਕੇ

ਪਿੰਡ ਰਾਜੇਆਣਾ ਵਿਖੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਉਮੀਦਵਾਰ ਨੇ ਕੀਤੀ ਵਿਸ਼ਾਲ ਨੁੱਕੜ ਮੀਟਿੰਗ

ਬਾਘਾ ਪੁਰਾਣਾ, 3 ਜਨਵਰੀ (ਗੁਰਮੀਤ ਸਿੰਘ ਮਾਣੂੰਕੇ)- ਹਲਕਾ ਬਾਘਾ ਪੁਰਾਣਾ ਤੋਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਉਮੀਦਵਾਰ ਜਥੇਦਾਰ ਤੀਰਥ ਸਿੰਘ ਮਾਹਲਾ ਵਲੋਂ ਪਿੰਡ ਰਾਜੇਆਣਾ ਵਿਖੇ ਸੁਖਜੀਤ ਸਿੰਘ ਬਰਾੜ ਪੁੱਤਰ ਮੋਹਲਾ ਸਿੰਘ ਬਰਾੜ ਦੇ ਗ੍ਰਹਿ ਵਿਖੇ ਵਿਸ਼ਾਲ ਨੁੱਕੜ ਮੀਟਿੰਗ ਕੀਤੀ ਗਈ। ਜਥੇਦਾਰ ਤੀਰਥ ਸਿੰਘ ਮਾਹਲਾ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਿਵੇਂ-ਜਿਵੇਂ ਵਿਧਾਨ ਸਭਾ ਦੀਆਂ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਕਈ ਮੌਕਾਪ੍ਰਸਤ ਅਤੇ ਦਲ ਬਦਲੂ ਪਾਰਟੀ ਲੀਡਰ ਲੋਕਾਂ ਨੂੰ ਵੱਖ-ਵੱਖ ਤਰ੍ਹਾਂ ਨਾਲ ਭਰਮਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਲਈ ਲੋਕਾਂ ਨਾਲ ਹਮੇਸ਼ਾ ਹੀ ਚਟਾਨ ਵਾਂਗ ਖੜ੍ਹੀ ਉਸਾਰੂ ਨੀਤੀਆਂ ਵਾਲੀ ਸ਼੍ਰੋਮਣੀ ਅਕਾਲੀ ਦਲ ਪਾਰਟੀ ਦਾ ਸਾਥ ਦਿੱਤਾ ਜਾਵੇ ਤਾਂ ਜੋ ਹਲਕੇ ਦਾ ਅਥਾਹ ਵਿਕਾਸ ਹੋ ਸਕੇ ਤੇ ਮੌਕਾਪ੍ਰਸਤ, ਝੂਠੀਆਂ ਕਸਮਾਂ ਖਾਣ ਵਾਲੇ ਲੀਡਰਾਂ ਤੋਂ ਹਲਕੇ ਨੂੰ ਬਚਾਇਆ ਜਾ ਸਕੇ। ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਗੁਰਜੰਟ ਸਿੰਘ ਭੁੱਟੋ ਪ੍ਰਧਾਨ ਸਰਕਲ ਸਮਾਲਸਰ, ਬਲਤੇਜ ਸਿੰਘ ਲੰਗੇਆਣਾ ਪ੍ਰਧਾਨ ਦਿਹਾਤੀ ਬਾਘਾ ਪੁਰਾਣਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਦਾ ਮਨੋਰਥ ਲੋਕਾਂ ਨੂੰ ਹਰ ਪ੍ਰਕਾਰ ਦੀਆਂ ਸਹੂਲਤਾਂ ਦੇਣਾ ਤੇ ਹਲਕੇ ਦਾ ਵਿਕਾਸ ਕਰਨਾ ਹੈ। ਇਸ ਲਈ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ 'ਚ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਸਾਥ ਦਿੱਤਾ ਜਾਵੇ ਤਾਂ ਜੋ ਹਲਕੇ 'ਚ ਰਹਿੰਦੇ ਅਧੂਰੇ ਵਿਕਾਸ ਕਾਰਜ ਪੂਰੇ ਕੀਤੇ ਜਾ ਸਕਣ। ਇਸ ਮੌਕੇ ਪ੍ਰਧਾਨ ਜਗਮੋਹਨ ਸਿੰਘ ਜੈ ਸਿੰਘ ਵਾਲਾ, ਤਾਰਾ ਸਿੰਘ ਰੋਡੇ, ਵਰਿੰਦਰ ਸਿੰਘ ਮਾਹਲਾ, ਸਰਬਜੀਤ ਸਿੰਘ ਮਾਹਲਾ, ਪ੍ਰਿਤਪਾਲ ਸਿੰਘ, ਪੈਰੀ ਸ਼ਰਮਾ ਸਮਾਲਸਰ, ਰਾਜਵੀਰ ਸਿੰਘ ਸਮਾਲਸਰ, ਕਾਲਾ ਰਾਜੇਆਣਾ, ਬੀਤਾ ਰਾਜੇਆਣਾ, ਸਾਹਿਲ ਬਰਾੜ, ਡਾਕਟਰ ਮਨਪ੍ਰੀਤ ਸਿੰਘ, ਕਰਨਦੀਪ ਸਿੰਘ, ਬੱਬੂ ਰਾਜੇਆਣਾ, ਮੰਨੂ ਗਿੱਲ, ਦੀਪੂ ਰਾਜੇਆਣਾ, ਫ਼ੌਜੀ ਬਰਾੜ, ਸੁੱਖ ਬਰਾੜ, ਨਿਰਮਲ ਸਿੰਘ, ਸੀਰ ਕੋਟਲਾ, ਗੋਪੀ ਕੋਟਲਾ, ਵਰੁਣ ਰਾਜੇਆਣਾ, ਸੁੱਖ ਰਾਜੇਆਣਾ, ਇੰਦਰਜੀਤ ਸਿੰਘ ਬਰਾੜ, ਗੋਲਾ ਬਰਾੜ ਆਦਿ ਵੱਡੀ ਗਿਣਤੀ 'ਚ ਪਾਰਟੀ ਵਰਕਰ ਹਾਜ਼ਰ ਸਨ।

ਕੈਂਬਰਿਜ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥਣ ਨੇ ਅੰਤਰਰਾਸ਼ਟਰੀ ਪੱਧਰ ਦੀ ਚੈਂਪੀਅਨਸ਼ਿਪ 'ਚ ਸੋਨ ਤਗਮਾ ਪ੍ਰਾਪਤ ਕਰਨ ਸਮੇਂ। ਅਜੀਤ ਤਸਵੀਰ

ਕੈਂਬਰਿਜ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥਣ ਵਲੋਂ ਸੋਨ ਤਗਮੇ 'ਤੇ ਕਬਜ਼ਾ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ)- ਕੈਂਬਰਿਜ ਇੰਟਰਨੈਸ਼ਨਲ ਸਕੂਲ ਮੋਗਾ ਦੀ ਚੌਥੀ ਜਮਾਤ ਦੀ ਹੋਣਹਾਰ ਵਿਦਿਆਰਥਣ ਰਚਲ ਹੰਸ ਨੇ ਅੰਤਰਰਾਸ਼ਟਰੀ ਪੱਧਰ 'ਤੇ ਹੋਈ ਚੈਂਪੀਅਨਸ਼ਿਪ ਵਿਚ ਤਾਇਕਵਾਂਡੋਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਚੈਂਪੀਅਨਸ਼ਿਪ ਫ਼ਸਟ ਇੰਡੋ ਨੇਪਾਲ ਅੰਤਰਰਾਸ਼ਟਰੀ ਤਾਇਕਵਾਂਡੋਂ ਚੈਂਪੀਅਨਸ਼ਿਪ ਸੀ। ਚੈਂਪੀਅਨਸ਼ਿਪ ਸੇਂਟ ਅਲ ਹਨੀਫ਼ ਐਜੂਕੇਸ਼ਨਲ ਗਰੁੱਪ ਵਾਰਾਨਸੀ ਉੱਤਰ ਪ੍ਰਦੇਸ਼ ਵਿਖੇ ਕਰਵਾਈ ਗਈ ਸੀ। ਸਕੂਲ ਦੀ ਵਿਦਿਆਰਥਣ ਰਚਲ ਹੰਸ ਨੇ ਇਸ ਚੈਂਪੀਅਨਸ਼ਿਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਹਾਸਲ ਕੀਤਾ। ਸਕੂਲ ਪਹੁੰਚਣ 'ਤੇ ਰਚਲ ਹੰਸ ਦਾ ਭਰਵਾਂ ਸਵਾਗਤ ਕੀਤਾ ਗਿਆ। ਸਕੂਲ ਦੇ ਜਨਰਲ ਸੈਕਟਰੀ ਮੈਡਮ ਪਰਮਜੀਤ ਕੌਰ ਤੇ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਨੇ ਰਚਲ ਹੰਸ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਚੇਅਰਮੈਨ ਦਵਿੰਦਰਪਾਲ ਸਿੰਘ ਤੇ ਪ੍ਰੈਜ਼ੀਡੈਂਟ ਕੁਲਦੀਪ ਸਿੰਘ ਸਹਿਗਲ ਨੇ ਵੀ ਵਿਦਿਆਰਥਣ ਰਚਲ ਹੰਸ ਦੀ ਇਸ ਮਾਣਮੱਤੀ ਪ੍ਰਾਪਤੀ 'ਤੇ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਸਕੂਲ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਕੂਲ ਦੀ ਵਿਦਿਆਰਥਣ ਰਚਲ ਹੰਸ ਨੇ ਅੰਤਰਰਾਸ਼ਟਰੀ ਪੱਧਰ 'ਤੇ ਸਕੂਲ ਦਾ ਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ ਹੈ। ਸਕੂਲ ਹਮੇਸ਼ਾ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿਚ ਭਾਗ ਲੈਣ ਲਈ ਉਤਸ਼ਾਹਿਤ ਕਰਦਾ ਹੈ।

ਸਰਕਾਰੀ ਪ੍ਰਾਇਮਰੀ ਸਕੂਲ ਧੱਲੇਕੇ ਦੇ ਪ੍ਰੀ ਨਰਸਰੀ ਕਾਲਜ ਵਿਚ ਪੜ੍ਹਦੇ 70 ਬੱਚਿਆਂ ਨੂੰ ਐਨ.ਆਰ.ਆਈ. ਚਮਕੌਰ ਸਿੰਘ ਬਮਰਾ ਕੈਨੇਡਾ ਤੇ ਉਨ੍ਹਾਂ ਦੇ ਪਰਿਵਾਰ ਵਲੋਂ ਵਰਦੀਆਂ ਅਤੇ ਬੂਟ ਜੁਰਾਬਾਂ ਵੰਡੀਆਂ ਗਈਆਂ। ਇਸ ਮੌਕੇ ਅਕਾਲੀ ਆਗੂ ਗੁਰਪ੍ਰੀਤ ਸਿੰਘ, ਨਿਰਵੈਰ ਸਿੰਘ ਸੋਨੂੰ ਕੈਨੇਡਾ, ਮੁੱਖ ਅਧਿਆਪਕਾ ਗੁਰਬਿੰਦਰ ਕੌਰ, ਅਧਿਆਪਕਾ ਅਰਜਿੰਦਰ ਕੌਰ, ਨੀਤੂ ਸ਼ਰਮਾ, ਲਿੱਲੀ ਸ਼ਰਮਾ, ਸੰਦੀਪ ਕੌਰ, ਕਮਲਪ੍ਰੀਤ ਕੌਰ, ਬਿੰਦੂ, ਪੂਨਮ, ਰਾਣੀ ਤੇ ਬੱਚੇ ਹਾਜ਼ਰ ਸਨ। ਤਸਵੀਰ : ਹਰਜੀਤ ਸਿੰਘ

ਭਾਜਪਾ ਇਕ ਸਾਜਿਸ਼ ਤਹਿਤ ਸੰਯੁਕਤ ਅਕਾਲੀ ਦਲ ਦੀ ਪਿੱਠ 'ਚ ਛੁਰਾ ਮਾਰਨ ਦਾ ਕੰਮ ਕਰ ਰਹੀ ਹੈ-ਰਾਜੇਸ਼ ਗਹਿਰੀਵਾਲ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- ਸ਼੍ਰੋਮਣੀ ਅਕਾਲੀ ਦਲ ਸੰਯੁਕਤ ਪੰਜਾਬ ਪ੍ਰਦੇਸ਼ ਦੇ ਸੀਨੀਅਰ ਕੌਮੀ ਸਕੱਤਰ ਤੇ ਆਲ ਇੰਡੀਆ ਗ੍ਰਾਮ ਸਭਾ ਵਿਕਾਸ ਕਮੇਟੀ ਪੰਜਾਬ ਦੇ ਉਪ ਪ੍ਰਧਾਨ ਚੌਧਰੀ ਰਾਜੇਸ਼ ਗਹਿਰੀਵਾਲ ਨੇ ਅੱਜ ਮੋਗਾ ਸ਼ਹਿਰ ਨਾਲ ਲੱਗਦੇ ਪਿੰਡਾਂ 'ਚ ਸੰਯੁਕਤ ਅਕਾਲੀ ਦਲ ਨਾਲ ਜੁੜੇ ਵਰਕਰਾਂ ਦੇ ਡਿਗਦੇ ਜਾ ਰਹੇ ਮਿਆਰ ਨੂੰ ਬਚਾਉਣ ਲਈ ਕੀਤੇ ਵਿਸ਼ੇਸ਼ ਦੌਰੇ ਉਪਰੰਤ ਪਾਰਟੀ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ ਨੂੰ ਇਕ ਵਿਸ਼ੇਸ਼ ਪੱਤਰ ਭੇਜ ਕੇ ਗੱਠਜੋੜ ਕਰਕੇ ਸੰਯੁਕਤ ਅਕਾਲੀ ਦਲ ਦੇ ਆਗੂਆਂ ਨੂੰ ਲਾਲਚ ਵੱਸ ਸੋਚੀ ਸਮਝੀ ਸਾਜ਼ਿਸ਼ ਸਦਕਾ ਸੰਯੁਕਤ ਅਕਾਲੀ ਦਲ ਨੂੰ ਖੇਰੂੰ-ਖੇਰੂੰ ਕਰਕੇ ਪਾਰਟੀ ਦੀ ਪਿੱਠ 'ਚ ਸ਼ਰੇਆਮ ਛੁਰਾ ਮਾਰਨ ਦਾ ਕੰਮ ਕਰਦੀ ਨਜ਼ਰ ਆ ਰਹੀ ਹੈ। ਸੂਬਾ ਆਗੂ ਚੌਧਰੀ ਰਾਜੇਸ਼ ਗਹਿਰੀ ਵਾਲਾ ਨੇ ਸਪਸ਼ਟ ਕਿਹਾ ਉਨ੍ਹਾਂ ਨੇ ਆਪਣੀ ਸਿਰਤੋੜ ਮਿਹਨਤ ਕਰਕੇ ਸੰਯੁਕਤ ਅਕਾਲੀ ਦਲ ਦੇ ਪੈਰ ਪੂਰੇ ਪੰਜਾਬ ਅਤੇ ਖ਼ਾਸ ਕਰਕੇ ਮਾਲਵੇ 'ਚ ਜਮਾਏ ਹਨ ਪਰ ਅੱਜ ਪਾਰਟੀ ਨੂੰ ਗੁਮਰਾਹ ਕਰਕੇ ਤੇ ਪਰਮਿੰਦਰ ਸਿੰਘ ਢੀਂਡਸਾ ਵਰਗੇ ਦਰਵੇਸ਼ ਸਿਆਸਤਦਾਨ ਨੂੰ ਗੁਮਰਾਹ ਕਰਕੇ ਕੁੱਝ ਬਾਦਲਾਂ ਵਲੋਂ ਕੱਢੇ ਲੋਕਾਂ ਵਲੋਂ ਪਾਰਟੀ ਪ੍ਰਤੀ ਵਫ਼ਾਦਾਰ ਆਗੂਆਂ ਤੇ ਬੇਲੋੜੀ ਦੀ ਹਵਾਬਾਜ਼ੀ ਤੇ ਚੌਧਰ ਪਣ ਕਰਕੇ ਪਾਰਟੀ ਨੂੰ ਹੋਰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਤੋਂ ਪਾਰਟੀ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ ਨੂੰ ਸਾਵਧਾਨ ਦੇਣ ਦੀ ਲੋੜ ਹੈ।

ਮੁਸਲਿਮ ਭਾਈਚਾਰੇ ਦੇ ਲੋਕ ਪ੍ਰਧਾਨ ਫ਼ਕੀਰ ਮੁਹੰਮਦ ਦੀ ਅਗਵਾਈ ਹੇਠ ਕਿਸਾਨ ਯੋਧਿਆਂ ਦਾ ਵਿਸ਼ੇਸ਼ ਸਨਮਾਨ ਕਰਦੇ ਹੋਏ। ਤਸਵੀਰ: ਪਲਵਿੰਦਰ ਸਿੰਘ ਟਿਵਾਣਾ

ਮੁਸਲਿਮ ਭਾਈਚਾਰੇ ਵਲੋਂ ਨਵੇਂ ਸਾਲ ਦੀ ਆਮਦ 'ਤੇ ਹਲਕੇ ਦੇ ਕਿਸਾਨੀ ਯੋਧਿਆਂ ਦਾ ਵਿਸ਼ੇਸ਼ ਸਨਮਾਨ

ਨਿਹਾਲ ਸਿੰਘ ਵਾਲਾ, 3 ਜਨਵਰੀ (ਪਲਵਿੰਦਰ ਸਿੰਘ ਟਿਵਾਣਾ/ਸੁਖਦੇਵ ਸਿੰਘ ਖ਼ਾਲਸਾ)-ਮੰਡੀ ਨਿਹਾਲ ਸਿੰਘ ਵਾਲਾ ਦੀ ਪਵਿੱਤਰ ਮਸਜਿਦ ਅੱਬੂ ਬਕਰ ਵਿਖੇ ਦਿੱਲੀ ਵਿਖੇ ਚੱਲੇ ਕਿਸਾਨ ਸੰਘਰਸ਼ ਦੌਰਾਨ ਆਪਣਾ ਯੋਗਦਾਨ ਪਾਉਣ ਵਾਲੇ ਯੋਧਿਆਂ ਦਾ ਵਿਸ਼ੇਸ਼ ਮਾਣ ਸਨਮਾਨ ਕੀਤਾ ਗਿਆ। ਇਹ ਮਾਣ ਸਨਮਾਨ ਡਾ. ਫ਼ਕੀਰ ਮੁਹੰਮਦ ਚੇਅਰਮੈਨ ਮੁਸਲਿਮ ਵੈੱਲਫੇਅਰ ਪੰਜਾਬ ਦੀ ਅਗਵਾਈ ਵਿਚ ਪੂਰੇ ਮੁਸਲਿਮ ਭਾਈਚਾਰੇ ਵਲੋਂ ਕੀਤਾ ਗਿਆ। ਇਸ ਮੌਕੇ ਕਿਸਾਨੀ ਯੋਧਿਆਂ ਤੋਂ ਇਲਾਵਾ ਡਾ. ਹਰਗੁਰਪ੍ਰਤਾਪ ਦੀਪ ਹਸਪਤਾਲ ਵਾਲੇ, ਡਾ. ਸ਼ਿਵਦੇਵ ਸਿੰਘ ਨਿਹਾਲ ਸਿੰਘ ਵਾਲਾ ਤੇ ਪੱਤਰਕਾਰ ਭਾਈਚਾਰੇ ਦਾ ਵੀ ਮਾਣ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਡਾ. ਫ਼ਕੀਰ ਮੁਹੰਮਦ ਨੇ ਕਿਹਾ ਕਿ ਮੁਸਲਿਮ ਭਾਈਚਾਰਾ ਇਹ ਮਾਣ ਮਹਿਸੂਸ ਕਰ ਰਿਹਾ ਹੈ ਕਿ ਅਸੀਂ ਅੱਜ ਉਨ੍ਹਾਂ ਕਿਸਾਨੀ ਯੋਧਿਆਂ ਦਾ ਮਾਣ ਸਤਿਕਾਰ ਕਰ ਰਹੇ ਹਾਂ, ਜਿਨ੍ਹਾਂ ਦੀ ਵਜ੍ਹਾ ਨਾਲ ਅੱਜ ਜਿੱਤ ਦੇ ਨਿਸ਼ਾਨ ਝੂਲੇ ਹਨ। ਇਸ ਮੌਕੇ ਪ੍ਰਧਾਨ ਬੂਟਾ ਸਿੰਘ ਭਾਗੀਕੇ, ਪ੍ਰਧਾਨ ਭਰਪੂਰ ਸਿੰਘ ਰਾਮਾਂ, ਪ੍ਰਧਾਨ ਸੁਦਾਗਰ ਸਿੰਘ ਖਾਈ, ਪ੍ਰਧਾਨ ਗੁਰਦੀਪ ਸਿੰਘ ਰਾਮਾਂ, ਲਛਮਣ ਸਿੰਘ ਨੀਟੂ ਖੂਹੀਵਾਲਾ ਰਾਮਾਂ, ਇੰਦਰਮੋਹਨ ਪੱਤੋ, ਰੂਪ ਸਿੰਘ ਬੌਡੇ ਤੇ ਕਿਸਾਨੀ ਯੋਧਿਆਂ ਤੋਂ ਇਲਾਵਾ ਪ੍ਰਿੰਸੀਪਲ ਜਗਤਾਰ ਸਿੰਘ ਸੈਦੋਕੇ, ਕਰਮ ਸਿੰਘ ਹਿੰਮਤਪੁਰਾ, ਸਤਪਾਲ ਭੋਲਾ, ਛਿੰਦਾ ਚੰਨੂਵਾਲਾ ਅਤੇ ਮੁਸਲਿਮ ਭਾਈਚਾਰਾ ਹਾਜ਼ਰ ਸੀ।

ਸਰਕਲ ਦੌਲਤਪੁਰਾ ਤੋਂ ਵੱਡੀ ਗਿਣਤੀ 'ਚ ਅਕਾਲੀ ਵਰਕਰਾਂ ਦਾ ਜਥਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਇਆ ਨਤਮਸਤਕ

ਸਰਕਲ ਦੌਲਤਪੁਰਾ ਦੇ ਅਕਾਲੀ ਆਗੂ ਤੇ ਵਰਕਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਾਂਝੀ ਤਸਵੀਰ 'ਚ। ਅਜੀਤ ਤਸਵੀਰ

ਮੋਗਾ, 3 ਜਨਵਰੀ (ਅਸ਼ੋਕ ਬਾਂਸਲ)- ਸ੍ਰੀ ਹਰਿਮੰਦਰ ਸਾਹਿਬ ਅੰਦਰ ਬੇਅਦਬੀ ਕਰਨ ਦੇ ਕੀਤੇ ਗਏ ਯਤਨ ਸਮੇਤ ਬੇਅਦਬੀ ਦੀਆਂ ਘਟਨਾਵਾਂ ਖ਼ਿਲਾਫ਼ ਰੋਸ ਪ੍ਰਗਟ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਦੀਵਾਨ ਹਾਲ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵਿਸ਼ਾਲ ਪੰਥਕ ਇਕੱਠ ਬੁਲਾਇਆ ਗਿਆ। ਇਸ ਇਕੱਠ ਵਿਚ ਸ਼੍ਰੋਮਣੀ ਅਕਾਲੀ ਦਲ ਨੇ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ। ਇਸ ਇਕੱਠ ਵਿਚ ਸਰਕਲ ਦੌਲਤਪੁਰਾ ਦੇ ਅਧੀਨ ਆਉਂਦੇ ਪਿੰਡਾਂ ਤੋਂ ਅਕਾਲੀ ਵਰਕਰਾਂ ਦਾ ਵੱਡਾ ਜਥਾ ਹਲਕਾ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ ਦੀ ਅਗਵਾਈ 'ਚ ਸਰਕਲ ਦੌਲਤਪੁਰਾ ਦੇ ਪ੍ਰਧਾਨ ਰਵਦੀਪ ਸਿੰਘ ਸੰਘਾ ਲੈ ਕੇ ਪੁੱਜੇ। ਸੰਬੋਧਨ ਕਰਦਿਆਂ ਰਵਦੀਪ ਸਿੰਘ ਸੰਘਾ ਅਤੇ ਬੂਟਾ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਵਲੋਂ ਬੁਲਾਏ ਪੰਥਕ ਇਕੱਠਾਂ ਵਿਚ ਸਾਨੂੰ ਵੱਧ ਤੋਂ ਵੱਧ ਸ਼ਿਰਕਤ ਕਰਨੀ ਚਾਹੀਦੀ ਹੈ। ਉਨ੍ਹ